ਪਉੜੀ ॥  ਰੈਣਿ ਦਿਨਸੁ ਪਰਭਾਤਿ ਤੂਹੈ ਹੀ ਗਾਵਣਾ ॥ ਜੀਅ ਜੰਤ ਸਰਬਤ ਨਾਉ ਤੇਰਾ ਧਿਆਵਣਾ ॥ ਤੂ ਦਾਤਾ ਦਾਤਾਰੁ ਤੇਰਾ ਦਿਤਾ ਖਾਵਣਾ ॥ ਭਗਤ ਜਨਾ ਕੈ ਸੰਗਿ ਪਾਪ ਗਵਾਵਣਾ ॥  ਜਨ ਨਾਨਕ ਸਦ ਬਲਿਹਾਰੈ ਬਲਿ ਬਲਿ ਜਾਵਣਾ ॥੨੫॥ {ਪੰਨਾ 652}

ਅਰਥ:- ਹੇ ਹਰੀ! ਰਾਤ ਦਿਨੇ ਅੰਮ੍ਰਿਤ ਵੇਲੇ (ਭਾਵ, ਹਰ ਵੇਲੇ) ਤੂੰ ਹੀ ਗਾਵਣ-ਜੋਗ ਹੈਂ; ਸਾਰੇ ਜੀਵ ਜੰਤ ਤੇਰਾ ਹੀ ਨਾਮ ਸਿਮਰਦੇ ਹਨ; ਤੂੰ ਦਾਤਾਂ ਦੇਣ ਵਾਲਾ ਦਾਤਾਰ ਹੈਂ ਤੇਰਾ ਹੀ ਦਿੱਤਾ ਹੋਇਆ ਖਾਂਦੇ ਹਨ, ਤੇ ਭਗਤਾਂ ਦੀ ਸੰਗਤਿ ਵਿਚ ਆਪਣੇ ਪਾਪ ਦੂਰ ਕਰਦੇ ਹਨ। ਹੇ ਦਾਸ ਨਾਨਕ! (ਉਹਨਾਂ ਭਗਤ ਜਨਾਂ ਤੋਂ) ਸਦਾ ਸਦਕੇ ਹੋ, ਸਦਕੇ ਹੋ। 25।